ਕਸ਼ਮੀਰ ਦੀ ਸਿੱਖ ਸੰਗਤ ਨੇ ਹੜ੍ਹ ਪੀੜਤ ਫੰਡ ਲਈ ਸ਼੍ਰੋਮਣੀ ਕਮੇਟੀ ਨੂੰ 79.50 ਲੱਖ ਦੀ ਸਹਾਇਤਾ ਦਿੱਤੀ

ਸ੍ਰੀਨਗਰ ਦੇ ਸਿੱਖ ਆਗੂਆਂ ਨੇ 350 ਸਾਲਾ ਸ਼ਹੀਦੀ ਸ਼ਤਾਬਦੀ ਸੰਬੰਧੀ ਗੁਰਦੁਆਰਾ ਸਾਹਿਬ ਮਟਨ ਤੋਂ ਨਗਰ ਕੀਰਤਨ ਸਜਾਉਣ ਸੰਬੰਧੀ ਵੀ ਪ੍ਰਧਾਨ ਧਾਮੀ ਨਾਲ ਕੀਤੀ ਚਰਚਾ

ਅੰਮ੍ਰਿਤਸਰ, 28 ਅਕਤੂਬਰ (ਜੱਸ)-ਕਸ਼ਮੀਰ ਦੀਆਂ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਨੇ ਅੱਜ ਇਥੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਕੇ ਗੁਰੂ ਤੇਗ਼ ਬਹਾਦਰ ਸਾਹਿਬ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸੰਬੰਧ ਵਿਚ ਗੁਰਦੁਆਰਾ ਸਾਹਿਬ ਮਟਨ (ਕਸ਼ਮੀਰ) ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਬਾਰੇ ਵਿਸਥਾਰਪੂਰਵਕ ਵਿਚਾਰ ਚਰਚਾ ਕੀਤੀ।

ਇਸ ਮੌਕੇ ਕਸ਼ਮੀਰ ਦੀਆਂ ਸਿੱਖ ਸੰਗਤਾਂ ਵਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਇਕ ਵੱਡੀ ਰਕਮ 79 ਲੱਖ 50 ਹਜ਼ਾਰ ਰੁਪਏ ਵੀ ਸ਼੍ਰੋਮਣੀ ਕਮੇਟੀ ਨੂੰ ਪ੍ਰਦਾਨ ਕੀਤੀ ਗਈ। ਪ੍ਰਧਾਨ ਧਾਮੀ ਨੇ ਕਿਹਾ ਕਿ ਜੰਮੂ ਕਸ਼ਮੀਰ ਦੀਆਂ ਸਿੱਖ ਸੰਗਤਾਂ ਵਲੋਂ ਹੜ੍ਹ ਪ੍ਰਭਾਵਿਤ ਪੰਜਾਬੀ ਲੋਕਾਂ ਲਈ ਸਹਿਯੋਗ ਕਰਨਾ ਗੁਰੂ ਸਾਹਿਬਾਨ ਦੇ ਮਨੁੱਖੀ ਸੇਵਾ ਦੇ ਫਲਸਫੇ ਦਾ ਪ੍ਰਗਟਾਵਾ ਹੈ ਤੇ ਕਸ਼ਮੀਰ ਦੀ ਸੰਗਤ ਵਲੋਂ ਕੀਤਾ ਇਹ ਉਪਰਾਲਾ ਸਿੱਖ ਭਾਈਚਾਰੇ ਦੀ ਏਕਤਾ ਤੇ ਮਨੁੱਖਤਾ ਪ੍ਰਤੀ ਪਿਆਰ ਦਾ ਸੰਦੇਸ਼ ਹੈ। ਸ਼੍ਰੋਮਣੀ ਕਮੇਟੀ ਵਲੋਂ ਗੁਰਦੁਆਰਾ ਮਟਨ ਸਾਹਿਬ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਬਾਰੇ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਵਿਚ ਕਸ਼ਮੀਰ ਦੀਆਂ ਜ਼ਿਲ੍ਹਾ ਗੁਰਦੁਆਰਾ ਕਮੇਟੀਆਂ ਦਾ ਪੂਰਾ ਸਹਿਯੋਗ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਜਲਦ ਹੀ ਕਸ਼ਮੀਰ ਦੇ ਸਿੱਖ ਆਗੂਆਂ ਨਾਲ ਸਥਾਨਕ ਪੱਧਰ 'ਤੇ ਵਿਸ਼ੇਸ਼ ਮੀਟਿੰਗ ਕੀਤੀ ਜਾਵੇਗੀ, ਜਿਸ ਵਿਚ ਨਗਰ ਕੀਰਤਨ ਦੇ ਮਾਰਗ, ਪ੍ਰੋਗਰਾਮਾਂ ਤੇ ਪ੍ਰਬੰਧਾਂ ਬਾਰੇ ਵਿਸਥਾਰਿਤ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਇਸ ਮੌਕੇ ਕਸ਼ਮੀਰ ਦੇ ਸਿੱਖ ਆਗੂ ਗੁਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਾਡੇ ਲਈ ਆਪਣਾ ਹੈ। ਹੜ੍ਹ ਪੀੜਤਾਂ ਲਈ ਸਹਿਯੋਗ ਦੇਣਾ ਸਾਡਾ ਫਰਜ਼ ਅਤੇ ਗੁਰੂ ਦੀ ਬਖ਼ਸ਼ੀ ਹੋਈ ਸੇਵਾ ਦਾ ਹਿੱਸਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਗਵੰਤ ਸਿੰਘ ਸਿਆਲਕਾ, ਜੰਮੂ-ਕਸ਼ਮੀਰ ਤੋਂ ਪੁੱਜੇ ਆਗੂਆਂ ਵਿਚ ਗੁਰਜੀਤ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਕਮੇਟੀ ਬਡਗਾਮ, ਜਸਪਾਲ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਕਮੇਟੀ ਸ਼੍ਰੀਨਗਰ, ਪਰਮਜੀਤ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰਾਮੂਲਾ, ਪਰਮਜੀਤ ਸਿੰਘ ਜਰਨਲ ਸੈਕਟਰੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰਾਮੂਲਾ, ਸਤਪਾਲ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਲੂਚਾਬਾਗ, ਅਵਤਾਰ ਸਿੰਘ ਵਾਈਸ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਨੰਤਨਾਗ, ਅਮਰਜੀਤ ਸਿੰਘ ਵਾਈਸ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਪੁਲਵਾਮਾ, ਦਿਲਵੀਰ ਸਿੰਘ, ਮਨਜੀਤ ਸਿੰਘ ਸੋਢੀ ਸਲਾਹਕਾਰ ਕਸ਼ਮੀਰ ਸਿੱਖ ਸੁਸਾਇਟੀ, ਰਾਜਿੰਦਰ ਸਿੰਘ ਲੱਕੀ ਸੀਨੀਅਰ ਸਿੱਖ ਲੀਡਰ ਕਸ਼ਮੀਰ, ਸੁਖਮੀਤ ਸਿੰਘ ਮੀਡੀਆ ਐਡਵਾਈਜ਼ਰ, ਗਜਿੰਦਰ ਸਿੰਘ ਮੈਂਬਰ ਜਿਲ੍ਹਾ ਕਮੇਟੀ ਪੁਲਵਾਮਾ ਅਤੇ ਸ਼੍ਰੋਮਣੀ ਕਮੇਟੀ ਦੇ ਓਐਸਡੀ ਸਤਬੀਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ਼ਾਹਬਾਜ ਸਿੰਘ, ਮੀਤ ਸਕੱਤਰ ਹਰਭਜਨ ਸਿੰਘ ਵਕਤਾ ਵੀ ਹਾਜਰ ਸਨ।

ਕਸ਼ਮੀਰ ਦੀ ਸਿੱਖ ਸੰਗਤ ਵਲੋਂ ਹੜ੍ਹ ਪੀੜਤ ਫੰਡ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ 79.50 ਲੱਖ ਦੀ ਸਹਾਇਤਾ ਰਾਸ਼ੀ ਦਾ ਚੈੱਕ ਸੌਂਪਦੇ ਹੋਏ ਕਸ਼ਮੀਰ ਤੋਂ ਆਏ ਸਿੱਖ ਆਗੂ। ਨਾਲ ਭਾਈ ਰਜਿੰਦਰ ਸਿੰਘ ਮਹਿਤਾ, ਸਤਬੀਰ ਸਿੰਘ ਧਾਮੀ, ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ। ਅਜੀਤ : ਤਸਵੀਰ

ਰੂਰਲ ਹੈਲਥ ਫਾਰਮੇਸੀ ਅਫ਼ਸਰ ਐਸੋਸੀਏਸ਼ਨ ਦੇ ਪ੍ਰਧਾਨ ਕਮਲਜੀਤ ਸਿੰਘ ਚੌਹਾਨ ਤੇ ਉਨ੍ਹਾਂ ਦੇ ਸਾਥੀ। ਤਸਵੀਰ : ਹਰਜਿੰਦਰ ਸਿੰਘ ਕਲੇਰ

ਰੂਰਲ ਹੈਲਥ ਫਾਰਮੇਸੀ ਅਫ਼ਸਰ ਹੁਣ ਤਰਨ ਤਾਰਨ ਦੀ ਜ਼ਿਮਨੀ ਚੋਣ ਵਿਚ ਸਰਕਾਰ ਖਿਲਾਫ਼ ਵੱਡੀ ਰੈਲੀ ਕਰਨਗੇ

ਜੰਡਿਆਲਾ ਗੁਰੂ, 28 ਅਕਤੂਬਰ (ਹਰਜਿੰਦਰ ਸਿੰਘ ਕਲੇਰ)- ਪਿਛਲੇ ਸਾਢੇ ਤਿੰਨ ਸਾਲਾਂ ਤੋਂ ਪੰਜਾਬ ਸਰਕਾਰ ਦੇ ਖਾਲੀ ਲਾਰਿਆਂ ਤੋਂ ਤੰਗ ਆਏ ਰੂਰਲ ਹੈਲਥ ਫਾਰਮੇਸੀ ਅਫਸਰ ਹੁਣ ਤਰਨਤਾਰਨ ਦੀ ਜ਼ਿਮਨੀ ਚੋਣ ਵਿਚ ਸਰਕਾਰ ਖਿਲਾਫ਼ ਵੱਡੀ ਰੈਲੀ ਕਰਨਗੇ। ਇਸ ਰੈਲੀ ਰਾਹੀਂ ਉਹ ਵੋਟਰਾਂ ਨੂੰ ਸਰਕਾਰ ਦੀਆਂ ਧੋਖੇਬਾਜ਼ੀ ਭਰੀਆਂ ਨੀਤੀਆਂ ਬਾਰੇ ਜਾਗਰੂਕ ਕਰਨਗੇ। ਰੂਰਲ ਹੈਲਥ ਫਾਰਮੇਸੀ ਅਫਸਰ ਐਸੋਸੀਏਸ਼ਨ ਦੇ ਪ੍ਰਧਾਨ ਕਮਲਜੀਤ ਸਿੰਘ ਚੌਹਾਨ ਨੇ ਦੱਸਿਆ ਕਿ ਹਾਲ ਹੀ ਵਿਚ ਹੋਈ ਐਮਰਜੈਂਸੀ ਮੀਟਿੰਗ ਵਿਚ ਇਹ ਫੈਸਲਾ ਲਿਆ ਗਿਆ ਕਿ 2 ਨਵੰਬਰ ਨੂੰ ਤਰਨਤਾਰਨ ਵਿਖੇ ਇੱਕ 'ਪੋਲ ਖੋਲ ਰੈਲੀ' ਕਰਕੇ ਪੰਜਾਬ ਸਰਕਾਰ ਨੂੰ ਉਸਦੇ ਵਾਅਦੇ ਯਾਦ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਸਰਕਾਰ ਨੇ ਵਾਅਦਾ ਕੀਤਾ ਸੀ ਕਿ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਕੇ ਪੂਰੀ ਤਨਖਾਹ ਦਿੱਤੀ ਜਾਵੇਗੀ, ਪਰ ਸਾਢੇ ਤਿੰਨ ਸਾਲਾਂ ਬਾਅਦ ਵੀ ਇਹ ਵਾਅਦਾ ਪੂਰਾ ਨਹੀਂ ਕੀਤਾ ਗਿਆ। ਸਰਕਾਰ ਵਲੋਂ ਬਣਾਈ ਗਈ ਨੀਤੀ ਅਧੂਰੀ ਹੈ, ਜਿਸ ਅਧੀਨ ਮੁਲਾਜ਼ਮਾਂ ਨੂੰ ਉਨ੍ਹਾਂ ਦੀ ਬਣਦੀ ਤਨਖਾਹ ਦਾ ਕੇਵਲ ਤੀਜਾ ਜਾਂ ਚੌਥਾ ਹਿੱਸਾ ਹੀ ਦਿੱਤਾ ਜਾ ਰਿਹਾ ਹੈ। ਚੌਹਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੋਣਾਂ ਤੋਂ ਪਹਿਲਾਂ 'ਹਰੇ ਪੈੱਨ' ਦਾ ਵਾਅਦਾ ਕਰਕੇ ਗਰੀਬਾਂ ਤੇ ਕੱਚੇ ਮੁਲਾਜ਼ਮਾਂ ਨੂੰ ਠੱਗਿਆ। ਜਦੋਂ ਵੋਟਾਂ ਦੀ ਗੱਲ ਆਉਂਦੀ ਹੈ ਤਾਂ ਹਰਾ ਪੈੱਨ ਯਾਦ ਆ ਜਾਂਦਾ ਹੈ, ਪਰ ਜਦੋਂ ਮੁਲਾਜ਼ਮਾਂ ਨੂੰ ਇਨਸਾਫ਼ ਦੇਣ ਦੀ ਵਾਰੀ ਆਉਂਦੀ ਹੈ ਤਾਂ ਉਹ ਪੈਨ ਗੁੰਮ ਹੋ ਜਾਂਦਾ ਹੈ, ਚੌਹਾਨ ਨੇ ਤਿੱਖੇ ਸ਼ਬਦਾਂ ਵਿਚ ਕਿਹਾ ਕਿ ਹੁਣ ਮੁਲਾਜ਼ਮਾਂ ਨੇ ਫੈਸਲਾ ਕੀਤਾ ਹੈ ਕਿ ਉਹ ਹੋਰ ਧੋਖੇ ਨਹੀਂ ਖਾਣਗੇ ਅਤੇ ਜਨਤਾ ਦੇ ਸਾਹਮਣੇ ਸਰਕਾਰ ਦੀਆਂ 'ਪੋਲ' ਖੋਲ੍ਹਣਗੇ। ਇਸ ਮੌਕੇ ਜੋਤ ਰਾਮ ਮਦਨੀਪੁਰ, ਸਵਰਤ ਸ਼ਰਮਾ, ਹਰਿੰਦਰ ਸਿੰਘ ਧੂੰਦਾ, ਮਨੀਸ਼ ਸ਼ਰਮਾ, ਅਮਨਦੀਪ ਪੱਟੀ, ਰੀਨਾ ਰਾਏ ਮੋਹਾਲੀ, ਵਰਿੰਦਰ ਸ਼ਰਮਾ, ਆਸ਼ੀਸ਼ ਸ਼ਰਮਾ, ਨਵਜੋਤ ਕੌਰ ਅੰਮ੍ਰਿਤਸਰ, ਸੰਦੀਪ ਕੌਰ ਜਲੰਧਰ, ਮਨਦੀਪ ਮੋਹਾਲੀ, ਦੀਪਕ ਹੁਸ਼ਿਆਰਪੁਰ, ਗੁਰਵਿੰਦਰ ਸਿੰਘ ਨੀਰ, ਸੁਮਿਤ ਮੋਗਾ, ਦੀਪਕ ਸ਼ਰਮਾ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਦਲਬੀਰ ਸਿੰਘ, ਹਰਪ੍ਰੀਤ ਕੌਰ, ਰਣਬੀਰ ਸਿੰਘ ਕੈਰੋਂ, ਹਰਭਜਨ ਸਿੰਘ ਪੰਜਵੜ ਅਤੇ ਜਗਮੋਹਨ ਬਠਿੰਡਾ ਸਮੇਤ ਕਈ ਹੋਰ ਆਗੂ ਮੌਜੂਦ ਸਨ।

ਹਲਕਾ ਪੂਰਬੀ ਤੋਂ ਕਾਂਗਰਸ ਦੇ ਸੀਨੀ: ਆਗੂ ਦਿਨੇਸ਼ ਬੱਸੀ ਛੱਠ ਪੂਜਾ ਸਮਾਗਮ 'ਚ ਸ਼ਿਰਕਤ ਕਰਨ ਮੌਕੇ। ਤਸਵੀਰ : ਨਿਰਮਲ ਸਟੂਡੀਓ

ਛੱਠ ਪੂਜਾ ਸਮਾਗਮ 'ਚ ਪੁੱਜੇ ਕਾਂਗਰਸੀ ਆਗੂ ਦਿਨੇਸ਼ ਬੱਸੀ, ਖੁਸ਼ਹਾਲੀ ਦੀ ਕੀਤੀ ਅਰਦਾਸ

ਅੰਮ੍ਰਿਤਸਰ, 28 ਅਕਤੂਬਰ (ਰੇਸ਼ਮ ਸਿੰਘ)-ਹਲਕਾ ਪੂਰਬੀ ਦੀ ਖੇਤਰ 'ਚ ਛੱਠ ਪੂਜਾ ਸਮਾਗਮ 'ਚ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਅਤੇ ਸੀਨੀਅਰ ਕਾਂਗਰਸੀ ਆਗੂ ਦਿਨੇਸ਼ ਬੱਸੀ ਨੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਹਾਜ਼ਰ ਸ਼ਰਧਾਲੂਆਂ ਨੂੰ ਛੱਠ ਪੂਜਾ ਦੀਆਂ ਵਧਾਈਆਂ ਦਿੰਦਿਆਂ ਕਿਹਾ ਸਮੂਹ ਲੋਕਾਈ ਦੀ ਖੁਸ਼ਹਾਲੀ ਦੀ ਅਰਦਾਸ ਕੀਤੀ। ਇਸ ਮੌਕੇ ਕੌਂਸਲਰ ਨਵਦੀਪ ਸਿੰਘ ਹੁੰਦਲ ਅਤੇ ਓ.ਬੀ.ਸੀ. ਦੇ ਪ੍ਰਧਾਨ ਮਨਜੀਤ ਸਿੰਘ ਵੇਰਕਾ ਵਲੋਂ ਆਯੋਜਿਤ ਸਮਾਗਮ 'ਚ ਵੀ ਸ਼ਿਰਕਤ ਕਰਦਿਆ ਸ੍ਰੀ ਬੱਸੀ ਨੇ ਕਿਹਾ ਕਿ ਛੱਠ ਪੂਜਾ ਸਾਡੀ ਸੰਸਕ੍ਰਿਤੀ ਤੇ ਆਸਥਾ ਦਾ ਪ੍ਰਤੀਕ ਹੈ ਜੋ ਸਾਨੂੰ ਸੰਯਮ ਸ਼ੁੱਧਤਾ ਅਤੇ ਪਰਿਆਵਰਣ ਪ੍ਰਤੀ ਸਤਿਕਾਰ ਦਾ ਸੰਦੇਸ਼ ਦਿੰਦੀ ਹੈ। ਇਸ ਮੌਕੇ ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਟੀਚਾ ਖੇਤਰ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਹੈ, ਤਾਂ ਜੋ ਉਹ ਆਤਮ ਨਿਰਭਰ ਬਣ ਸਕਣ ਤੇ ਗਲਤ ਰਾਹਾਂ 'ਤੇ ਨਾ ਜਾਣ। ਸਮਾਗਮ ਵਿਚ ਵੱਡੀ ਗਿਣਤੀ 'ਚ ਸ਼ਰਧਾਲੂਆਂ ਨੇ ਛੱਠੀ ਮਾਂ ਦੇ ਭਜਨ ਗਾ ਕੇ ਪੂਜਾ-ਅਰਚਨਾ ਕੀਤੀ। ਇਸ ਮੌਕੇ ਜੈ ਨਾਰਾਇਣ, ਲਾਲ ਬਹਾਦੁਰ, ਬਿੱਟੂ ਸਿੰਘ, ਵਿਜੈ ਸਿੰਘ, ਭਵਾਲੀ ਯਾਦਵ, ਪੰਨਾ ਸਿੰਘ, ਰਾਕੇਸ਼ ਮਾਸਟਰ, ਸੰਤੋਸ਼ ਮਿਸ਼ਰਾ ਤੇ ਧੂਪਨ ਸਮੇਤ ਹੋਰ ਹਾਜ਼ਰ ਸਨ।

ਮਹਾਂ ਸਿੰਘ ਗੇਟ ਨਜ਼ਦੀਕ ਪ੍ਰਸ਼ਾਸਨ ਵਲੋਂ ਰਸਤਾ ਬੰਦ ਕਰਨ ਦੇ ਫ਼ੈਸਲੇ ਖ਼ਿਲਾਫ਼ ਦੁਕਾਨਦਾਰਾਂ 'ਚ ਭਾਰੀ ਰੋਸ

ਪੰਜਾਬ ਵਪਾਰ ਮੰਡਲ ਦੇ ਪ੍ਰਧਾਨ ਰਾਜੀਵ ਅਨੇਜਾ ਨੇ ਦੁਕਾਨਦਾਰਾਂ ਨੂੰ ਰਸਤਾ ਖੁੱਲ੍ਹਵਾਉਣ ਦਾ ਦਿੱਤਾ ਭਰੋਸਾ

ਅੰਮ੍ਰਿਤਸਰ, 28 ਅਕਤੂਬਰ (ਰਾਜੇਸ਼ ਕੁਮਾਰ ਸ਼ਰਮਾ)- ਅੰਮ੍ਰਿਤਸਰ ਦੇ ਮਹਾਂ ਸਿੰਘ ਗੇਟ ਨਜ਼ਦੀਕ ਪ੍ਰਸ਼ਾਸਨ ਵਲੋਂ ਰਸਤਾ ਬੰਦ ਕਰਨ ਦੇ ਫੈਸਲੇ ਦੇ ਖਿਲਾਫ਼ ਅੱਜ ਦੁਕਾਨਦਾਰਾਂ ਵਲੋਂ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪੰਜਾਬ ਵਪਾਰ ਮੰਡਲ ਦੇ ਪ੍ਰਧਾਨ ਰਾਜੀਵ ਅਨੇਜਾ ਨੇ ਦੁਕਾਨਦਾਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਇਸ ਸਮੱਸਿਆ ਨੂੰ ਬੜੀ ਗੰਭੀਰਤਾ ਨਾਲ ਸੁਣਿਆ। ਦੁਕਾਨਦਾਰਾਂ ਨੇ ਕਿਹਾ ਕਿ ਸੈਲਾਨੀ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਇਸ ਰਸਤੇ ਦੀ ਵਰਤੋਂ ਕਰਦੇ ਹਨ ਅਤੇ ਪ੍ਰਸ਼ਾਸਨ ਵਲੋਂ ਰਸਤਾ ਬੰਦ ਕਰਨ ਨਾਲ ਉਨ੍ਹਾਂ ਦਾ ਕਾਰੋਬਾਰ ਠੱਪ ਹੋ ਗਿਆ ਹੈ। ਪ੍ਰਧਾਨ ਰਾਜੀਵ ਅਨੇਜਾ ਨੇ ਦੁਕਾਨਦਾਰਾਂ ਨੂੰ ਭਰੋਸਾ ਦਿੱਤਾ ਕਿ ਸੜਕ ਦੁਬਾਰਾ ਖੋਲ੍ਹ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਪ੍ਰਸ਼ਾਸਨ ਨਾਲ ਗੱਲਬਾਤ ਕਰਕੇ ਮਸਲੇ ਦਾ ਹੱਲ ਕੀਤਾ ਜਾਵੇਗਾ ਤਾਂ ਜੋ ਦੁਕਾਨਦਾਰਾਂ ਨੂੰ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਅੰਮ੍ਰਿਤਸਰ ਵਪਾਰ ਮੰਡਲ ਦੇ ਪ੍ਰਧਾਨ ਦੁੱਗਲ, ਮਹਾਂ ਸਿੰਘ ਗੇਟ ਦੁਕਾਨਦਾਰ ਐਸੋਸੀਏਸ਼ਨ ਦੇ ਪ੍ਰਧਾਨ ਮੋਹਨ ਲਾਲ ਮਹਾਜਨ, ਅਮਿਤ ਮਹਾਜਨ, ਬੰਟੀ, ਗੁਰਿੰਦਰ, ਪ੍ਰਿੰਸ, ਪੱਪੂ, ਵਰੁਣ ਭਾਟੀਆ, ਸੈਮ ਵੋਹਰਾ, ਸ਼ੈਂਕੀ ਵੋਹਰਾ, ਰਾਜਨ ਭਾਟੀਆ, ਬੱਬੂ ਗਾਰਮੈਂਟਸ, ਦੀਪਕ ਗਾਰਮੈਂਟਸ, ਪਵਨ ਅਤੇ ਸ਼ਰਮਾ ਕਲੌਥ ਹਾਊਸ ਵੀ ਮੌਜੂਦ ਸਨ।

ਦੁਕਾਨਦਾਰਾਂ ਨਾਲ ਗੱਲਬਾਤ ਕਰਦੇ ਹੋਏ ਪੰਜਾਬ ਵਪਾਰ ਮੰਡਲ ਦੇ ਪ੍ਰਧਾਨ ਰਾਜੀਵ ਅਨੇਜਾ। ਅਜੀਤ : ਤਸਵੀਰ

ਤਰਕਸ਼ੀਲ ਸੁਸਾਇਟੀ ਦੀ ਬੈਠਕ 'ਚ ਸ਼ਾਮਿਲ ਮਾ: ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਰਾਜਪਾਲ ਬਠਿੰਡਾ, ਸੁਖਵਿੰਦਰ ਬਾਗਪੁਰ ਅਤੇ ਸੁਮੀਤ ਅੰਮ੍ਰਿਤਸਰ ਅਤੇ ਹੋਰ। ਅਜੀਤ : ਤਸਵੀਰ

ਤਰਕਸ਼ੀਲ਼ ਸੁਸਾਇਟੀ ਵਲੋਂ ਜਲੰਧਰ 'ਚ ਕਰਵਾਏ ਜਾ ਰਹੇ ਗ਼ਦਰੀ ਬਾਬਿਆਂ ਦੇ ਮੇਲੇ ਦੀਆਂ ਤਿਆਰੀਆਂ ਮੁਕੰਮਲ

ਅੰਮ੍ਰਿਤਸਰ 28 ਅਕਤੂਬਰ (ਹਰਮਿੰਦਰ ਸਿੰਘ)-ਤਰਕਸ਼ੀਲ਼ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਨੇ ਪੰਜਾਬ ਦੀਆਂ ਸਮੂਹ ਤਰਕਸ਼ੀਲ਼ ਇਕਾਈਆਂ ਦੇ ਆਗੂਆਂ ਅਤੇ ਮੈਂਬਰਾਂ ਸਮੇਤ ਹਰ ਵਰਗਾਂ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ 30 ਅਕਤੂਬਰ ਤੋਂ 2 ਨਵੰਬਰ ਸਵੇਰ ਤੱਕ ਚਲਣ ਵਾਲੇ ਗ਼ਦਰੀ ਗੁਲਾਬ ਕੌਰ ਨੂੰ ਸਮਰਪਿਤ ਗ਼ਦਰੀ ਬਾਬਿਆਂ ਦੇ ਮੇਲੇ ਵਿੱਚ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਪਹੁੰਚਣ। ਤਰਕਸ਼ੀਲ਼ ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾ: ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਰਾਜਪਾਲ ਬਠਿੰਡਾ, ਸੁਖਵਿੰਦਰ ਬਾਗਪੁਰ ਅਤੇ ਸੁਮੀਤ ਅੰਮ੍ਰਿਤਸਰ ਨੇ ਇਸ ਸੰਬੰਧੀ ਬਿਆਨ ਜਾਰੀ ਕਰਦਿਆਂ ਕਿਹਾ ਕਿ 31 ਅਕਤੂਬਰ ਦੁਪਹਿਰ 2 ਵਜੇ ਬੌਧਿਕ ਵਿਚਾਰ ਚਰਚਾ ਕੀਤੀ ਜਾਵੇਗੀ। ਕਮੇਟੀ ਆਗੂਆਂ ਰਾਜੇਸ਼ ਅਕਲੀਆ, ਜਸਵੰਤ ਮੋਹਾਲੀ, ਸੁਰਜੀਤ ਟਿੱਬਾ, ਰਾਮ ਸਵਰਨ ਲੱਖੇਵਾਲੀ ਅਤੇ ਜੋਗਿੰਦਰ ਕੁੱਲੇਵਾਲ ਨੇ ਦੱਸਿਆ ਕਿ 31 ਅਕਤੂਬਰ ਨੂੰ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾਈ ਜੱਥੇਬੰਦਕ ਮੁਖੀ ਮਾ: ਰਾਜਿੰਦਰ ਭਦੌੜ ਵਿਦਿਆਰਥੀਆਂ ਵਿਚ ਵਿਗਿਆਨਕ ਚੇਤਨਾ ਦੀ ਲੋੜ ਸੰਬੰਧੀ ਆਪਣੇ ਵਿਚਾਰ ਸਾਂਝੇ ਕਰਨਗੇ।

ਪ੍ਰੋ. ਸ਼ਿਵਾਨੀ ਸਨਨ ਵਿਦਿਆਰਥੀਆਂ ਨੂੰ ਇੰਟਰਨਸ਼ਿਪ ਬਾਰੇ ਜਾਗਰੂਕ ਦਿੰਦੇ ਹੋਏ। ਅਜੀਤ ਤਸਵੀਰ

ਡੀ. ਏ. ਵੀ. ਕਾਲਜ ਨੇ ਇੰਟਰਨਸ਼ਿਪ ਦੇ ਮੌਕਿਆਂ ਬਾਰੇ ਜਾਗਰੂਕਤਾ ਸੈਸ਼ਨ ਕਰਵਾਇਆ

ਅੰਮ੍ਰਿਤਸਰ, 28 ਅਕਤੂਬਰ (ਰਾਜੇਸ਼ ਕੁਮਾਰ ਸ਼ਰਮ